ਗਉੜੀ ਬੈਰਾਗਣਿ ਰਹੋਏ ਕੇ ਛੰਤ ਕੇ ਘਰਿ ਮਃ ੫ ੴ ਸਤਿਗੁਰ ਪ੍ਰਸਾਦਿ ॥ ਹੈ ਕੋਈ ਰਾਮ ਪਿਆਰੋ ਗਾਵੈ ॥ ਸਰਬ ਕਲਿਆਣ ਸੂਖ ਸਚੁ ਪਾਵੈ ॥ ਰਹਾਉ ॥ ਬਨੁ ਬਨੁ ਖੋਜਤ ਫਿਰਤ ਬੈਰਾਗੀ ॥ ਬਿਰਲੇ ਕਾਹੂ ਏਕ ਲਿਵ ਲਾਗੀ ॥ ਜਿਨਿ ਹਰਿ ਪਾਇਆ ਸੇ ਵਡਭਾਗੀ ॥੧॥ ਬ੍ਰਹਮਾਦਿਕ ਸਨਕਾਦਿਕ ਚਾਹੈ ॥ ਜੋਗੀ ਜਤੀ ਸਿਧ ਹਰਿ ਆਹੈ ॥ ਜਿਸਹਿ ਪਰਾਪਤਿ ਸੋ ਹਰਿ ਗੁਣ ਗਾਹੈ ॥੨॥ ਤਾ ਕੀ ਸਰਣਿ ਜਿਨ ਬਿਸਰਤ ਨਾਹੀ ॥ ਵਡਭਾਗੀ ਹਰਿ ਸੰਤ ਮਿਲਾਹੀ ॥ ਜਨਮ ਮਰਣ ਤਿਹ ਮੂਲੇ ਨਾਹੀ ॥੩॥ ਕਰਿ ਕਿਰਪਾ ਮਿਲੁ ਪ੍ਰੀਤਮ ਪਿਆਰੇ ॥ ਬਿਨਉ ਸੁਨਹੁ ਪ੍ਰਭ ਊਚ ਅਪਾਰੇ ॥ ਨਾਨਕੁ ਮਾਂਗਤੁ ਨਾਮੁ ਅਧਾਰੇ ॥੪॥੧॥੧੧੭॥ {ਪੰਨਾ 203}

ਪਦਅਰਥ:- ਰਹੋਆ—ਇਕ ਕਿਸਮ ਦੀ ਧਾਰਨਾ ਦਾ ਪੰਜਾਬੀ ਗੀਤ ਜੋ ਲੰਮੀ ਹੇਕ ਨਾਲ ਗਾਵਿਆਂ ਜਾਂਦਾ ਹੈ। ਇਸ ਨੂੰ ਖ਼ਾਸ ਕਰਕੇ ਜ਼ਨਾਨੀਆਂ ਵਿਆਹ ਸਮੇ ਗਾਂਦੀਆਂ ਹਨ। ਲੰਮੀ ਹੇਕ ਤੋਂ ਇਲਾਵਾ ਟੇਕ ਵਾਲੀ ਤੁਕ ਭੀ ਮੁੜ ਮੁੜ ਗਾਈ ਜਾਂਦੀ ਹੈ। ਘਰਿ—ਘਰ ਵਿਚ। ਰਹੋਏ ਕੇ ਛੰਤ ਕੇ ਘਰਿ—(ਇਸ ਸ਼ਬਦ ਨੂੰ ਉਸ 'ਘਰ' ਵਿਚ ਗਾਵਣਾ ਹੈ) ਜਿਸ ਘਰ ਵਿਚ ਲੰਮੀ ਹੇਕ ਵਾਲਾ ਵਿਆਹ ਦਾ ਗੀਤ ਗਾਇਆ ਜਾਂਦਾ ਹੈ।

ਸਰਬ—ਸਾਰੇ। ਕਲਿਆਣ—ਸੁਖ। ਸਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ। ਰਹਾਉ।

ਬਨੁ ਬਨੁ—ਹਰੇਕ ਜੰਗਲ। ਬੈਰਾਗੀ—ਵਿਰਕਤ। ਏਕ ਲਿਵ—ਇਕ ਪ੍ਰਭੂ ਦੀ ਲਗਨ। ਜਿਨਿ—ਜਿਸ ਨੇ {ਲਫ਼ਜ਼ 'ਜਿਨਿ' ਇਕ-ਵਚਨ ਹੈ। ਇਸ ਦੇ ਨਾਲ ਵਰਤਿਆ ਪੜਨਾਂਵ 'ਸੇ' ਬਹੁ-ਵਚਨ ਹੈ। ਸੋ, ਇਸ ਦਾ ਅਰਥ ਕਰਨਾ ਹੈ—ਜਿਸ ਨੇ ਜਿਸ ਨੇ, ਜਿਸ ਜਿਸ ਨੇ}।1।

ਬ੍ਰਹਮਾਦਿਕ—ਬ੍ਰਹਮਾ ਆਦਿਕ, ਬ੍ਰਹਮਾ ਅਤੇ ਹੋਰ ਦੇਵਤੇ। ਸਨਕਾਦਿਕ—ਸਨਕ ਆਦਿਕ, ਸਨਕ ਅਤੇ ਉਸ ਦੇ ਹੋਰ ਭਰਾ ਸਨੰਦਨ, ਸਨਾਤਨ, ਸਨਤ ਕੁਮਾਰ। ਆਹੈ—ਤਾਂਘ ਕਰਦਾ ਹੈ। ਗਾਹੈ—ਗਾਂਹਦਾ ਹੈ, ਚੁੱਭੀ ਲਾਂਦਾ ਹੈ।2।

ਜਿਨ—ਜਿਨ੍ਹਾਂ ਨੂੰ {ਲਫ਼ਜ਼ 'ਜਿਨਿ' ਇਕ-ਵਚਨ, ਲਫ਼ਜ਼ 'ਜਿਨ' ਬਹੁ-ਵਚਨ}। ਤਾ ਕੀ—ਉਹਨਾਂ ਦੀ। ਮਿਲਾਹੀ—ਮਿਲਹਿ, ਮਿਲਦੇ ਹਨ। ਤਿਹ—ਉਹਨਾਂ ਨੂੰ। ਮੂਲੇ—ਬਿਲਕੁਲ।3।

ਪ੍ਰੀਤਮ—ਹੇ ਪ੍ਰੀਤਮ! ਬਿਨਉ—ਬੇਨਤੀ {ivnX}। ਮਾਂਗਤੁ—ਮੰਗਦਾ ਹੈ।4।

ਅਰਥ:- (ਹੇ ਭਾਈ!) ਕੋਈ ਵਿਰਲਾ ਭਾਗਾਂ ਵਾਲਾ ਮਨੁੱਖ ਪਿਆਰੇ ਦੇ ਗੁਣ ਗਾਂਦਾ ਹੈ, ਉਹ ਸਾਰੇ ਸੁਖ ਪ੍ਰਾਪਤ ਕਰ ਲੈਂਦਾ ਹੈ ਸਾਰੇ ਆਨੰਦ ਮਾਣਦਾ ਹੈ, ਸਦਾ-ਥਿਰ ਪਰਮਾਤਮਾ ਨੂੰ ਮਿਲ ਪੈਂਦਾ ਹੈ। ਰਹਾਉ।

(ਹੇ ਭਾਈ! ਪਰਮਾਤਮਾ ਨੂੰ ਮਿਲਣ ਵਾਸਤੇ ਜੇ) ਕੋਈ ਮਨੁੱਖ ਗ੍ਰਿਹਸਤ ਤੋਂ ਉਪਰਾਮ ਹੋ ਕੇ ਹਰੇਕ ਜੰਗਲ ਢੂੰਡਦਾ ਫਿਰਦਾ ਹੈ (ਤਾਂ ਇਸ ਤਰ੍ਹਾਂ ਪਰਮਾਤਮਾ ਨਹੀਂ ਮਿਲਦਾ)। ਕਿਸੇ ਵਿਰਲੇ ਮਨੁੱਖ ਦੀ ਇਕ ਪਰਮਾਤਮਾ ਨਾਲ ਲਗਨ ਲੱਗਦੀ ਹੈ। ਜਿਸ ਜਿਸ ਮਨੁੱਖ ਨੇ ਪ੍ਰਭੂ ਨੂੰ ਲੱਭ ਲਿਆ ਹੈ, ਉਹ ਸਾਰੇ ਵੱਡੇ ਭਾਗਾਂ ਵਾਲੇ ਹਨ।1।

(ਹੇ ਭਾਈ!) ਬ੍ਰਹਮਾ ਅਤੇ ਹੋਰ ਵੱਡੇ ਦੇਵਤੇ, ਸਨਕ ਅਤੇ ਉਸ ਦੇ ਭਰਾ ਸਨੰਦਨ ਸਨਾਤਨ ਸਨਤ ਕੁਮਾਰ—ਇਹਨਾਂ ਵਿਚੋਂ ਹਰੇਕ ਪ੍ਰਭੂ-ਮਿਲਾਪ ਚਾਹੁੰਦਾ ਹੈ। ਜੋਗੀ ਜਤੀ ਸਿੱਧ—ਹਰੇਕ ਪਰਮਾਤਮਾ ਨੂੰ ਮਿਲਣ ਦੀ ਤਾਂਘ ਕਰਦਾ ਹੈ, (ਪਰ ਜਿਸ ਨੂੰ ਧੁਰੋਂ) ਇਹ ਦਾਤਿ ਮਿਲੀ ਹੈ, ਉਹੀ ਪ੍ਰਭੂ ਦੇ ਗੁਣ ਗਾਂਦਾ ਹੈ।2।

(ਹੇ ਭਾਈ!) ਉਹਨਾਂ ਦੀ ਸਰਨ ਪਈਏ, ਜਿਨ੍ਹਾਂ ਨੂੰ ਪਰਮਾਤਮਾ ਕਦੇ ਭੁੱਲਦਾ ਨਹੀਂ। ਪਰਮਾਤਮਾ ਦੇ ਸੰਤਾਂ ਨੂੰ ਕੋਈ ਵੱਡੇ ਭਾਗਾਂ ਵਾਲੇ ਹੀ ਮਿਲ ਸਕਦੇ ਹਨ। ਉਹਨਾਂ ਸੰਤ ਜਨਾਂ ਨੂੰ ਜਨਮ ਮਰਨ ਦੇ ਗੇੜ ਕਦੇ ਭੀ ਨਹੀਂ ਵਿਆਪਦੇ।3।

ਹੇ ਪਿਆਰੇ ਪ੍ਰੀਤਮ ਪ੍ਰਭੂ! (ਮੇਰੇ ਉਤੇ) ਕਿਰਪਾ ਕਰ ਤੇ (ਮੈਨੂੰ) ਮਿਲ। ਹੇ ਸਭ ਤੋਂ ਉੱਚੇ ਤੇ ਬੇਅੰਤ ਪ੍ਰਭੂ! (ਮੇਰੀ ਇਹ) ਬੇਨਤੀ ਸੁਣ। (ਤੇਰਾ ਦਾਸ) ਨਾਨਕ (ਤੈਥੋਂ ਤੇਰਾ) ਨਾਮ (ਹੀ ਜ਼ਿੰਦਗੀ ਦਾ) ਆਸਰਾ ਮੰਗਦਾ ਹੈ।4।1। 117।